# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :11-02-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਕੇਂਦਰੀ ਖਾਣ ਮੰਤਰਾਲੇ ਵਲੋਂ ਪੰਜਾਬ ਦੇ ਫਾਜ਼ਿਲਕਾ ਜ਼ਿਲ੍ਹੇ ਵਿੱਚ, ਪੋਟਾਸ਼ ਲਈ ਇੱਕ ਨਵਾਂ ਭਾਲ ਪ੍ਰੋਜੈਕਟ ਮੰਜ਼ੂਰ.

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੋਹਾਲੀ ਵਿਖੇ ਹੋਣ ਵਾਲੇ 'ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ' ਲਈ ਪ੍ਰਬੰਧਾਂ ਦਾ ਜਾਇਜ਼ਾ ਲਿਆ.

- ਪੰਜਾਬ ਦੇ ਰਾਜਪਾਲ, ਗੁਲਾਬ ਚੰਦ ਕਟਾਰੀਆ ਦੀ ਅਗਵਾਈ ਵਿਚ'ਨਸ਼ਿਆਂ ਵਿਰੁੱਧ ਪੈਦਲ ਯਾਤਰਾ' ਅੱਜ, ਫਾਜ਼ਿਲਕਾ ਵਿੱਚ ਕੱਢੀ ਗਈ.

- ਕੇਂਦਰੀ ਜੇਲ੍ਹ ਪਟਿਆਲਾ ਵਿਖੇ ਉਜਾਲਾ ਪੰਜਾਬ ਪ੍ਰੀਜ਼ਨ ਓਲੰਪਿਕਸ-2026 ਸਮਾਪਤ. ਪਟਿਆਲਾ ਜ਼ੋਨ ਦੀਆਂ ਜੇਲ੍ਹਾਂ ਦੇ ਬੰਦੀ ਖਿਡਾਰੀ ਸਭ ਤੋਂ ਵਧ ਤਮਗੇ ਜਿੱਤ ਕੇ ਸਮੁਚੇ ਤੌਰ ‘ਤੇ ਜੇਤੂ ਰਹੇ.

- ਮਰਦਾਂ ਦੀ FIH ਹਾਕੀ ਪ੍ਰੋ ਲੀਗ ਵਿੱਚ ਅੱਜ ਭਾਰਤ ਦਾ ਮੁਕਾਬਲਾ ਬੈਲਜੀਅਮ ਨਾਲ.

## ਹੁਣ ਖਬਰਾਂ ਵਿਸਥਾਰ ਨਾਲ

ਕੇਂਦਰੀ ਖਾਣ ਮੰਤਰਾਲੇ ਨੇ ਪੰਜਾਬ ਵਿੱਚ ਫਾਜ਼ਿਲਕਾ ਜ਼ਿਲ੍ਹੇ ਦੇ ਇੱਕ ਖੇਤਰ ਵਿੱਚ ਪੋਟਾਸ਼ ਲਈ ਇੱਕ ਨਵੇਂ ਭਾਲ ਪ੍ਰੋਜੈਕਟ ਨੂੰ ਮਨਜ਼ੂਰੀ ਦੇ ਦਿੱਤੀ ਏ। ਇਹ ਫੈਸਲਾ ਮੰਤਰਾਲੇ ਦੇ ਖਣਿਜਾਂ ਦੀ ਭਾਲ ਅਤੇ ਵਿਕਾਸ ਬਾਰੇ ਰਾਸ਼ਟਰੀ ਟਰੱਸਟ ਦੀ ਪ੍ਰੋਜੈਕਟ ਮਨਜ਼ੂਰੀ ਕਮੇਟੀ ਨੇ ਸੋਮਵਾਰ ਨੂੰ ਆਪਣੀ ਮੀਟਿੰਗ ਦੌਰਾਨ ਲਿਆ। 'ਪੋਟਾਸ਼ ਦੀ ਭਾਲ ਸਰਵੇਖਣ ਜੀ-4' ਸਿਰਲੇਖ ਵਾਲਾ ਇਹ ਪ੍ਰੋਜੈਕਟ 19 ਕਰੋੜ ਰੁਪਏ ਦੇ ਪ੍ਰਵਾਨਿਤ ਖਰਚ ਨਾਲ 48 ਵਰਗ ਕਿਲੋਮੀਟਰ ਦੇ ਖੇਤਰ ਵਿੱਚ ਕੀਤਾ ਜਾਵੇਗਾ। ਇਸ ਪ੍ਰੋਜੈਕਟ ਦੀ ਮੁਕੰਮਲ ਹੋਣ ਦੀ ਮਿਆਦ 21 ਮਹੀਨੇ ਏ। ਇਸ ਬਾਰੇ ਵੇਰਵੇ ਦਿੰਦਿਆਂ, ਪੰਜਾਬ ਦੇ ਖਾਣ ਅਤੇ ਭੂ-ਵਿਗਿਆਨ ਮੰਤਰੀ ਬਰਿੰਦਰ

ਕੁਮਾਰ ਗੋਇਲ ਨੇ ਕੇਂਦਰੀ ਏਜੰਸੀਆਂ ਨੂੰ ਪੰਜਾਬ ਵਿੱਚ ਪੋਟਾਸ਼ ਦੀ ਖੋਜ ਨੂੰ ਤਰਜੀਹ ਦੇਣ ਦੀ ਅਪੀਲ ਕੀਤੀ, ਇਸਦਾ ਸਿੱਧਾ ਸਬੰਧ ਰਾਸ਼ਟਰੀ ਖੁਰਾਕ ਸੁਰੱਖਿਆ ਅਤੇ ਕਿਸਾਨਾਂ ਦੀ ਭਲਾਈ ਨਾਲ ਏ। ਉਨ੍ਹਾਂ ਕਿਹਾ ਕਿ ਪੋਟਾਸ਼ ਦੇਸ਼ ਲਈ ਬੇਹਦ ਮਹੱਤਵਪੂਰਨ ਏ ਕਿਉਂਕਿ ਲਗਭਗ 99 ਫੀਸਦੀ ਜ਼ਰੂਰਤ ਦਰਾਮਦ ਰਾਹੀਂ ਪੂਰੀ ਕੀਤੀ ਜਾਂਦੀ ਏ ਅਤੇ ਘਰੇਲੂ ਖੋਜ ਅਤੇ ਮਾਈਨਿੰਗ ਵਿੱਚ ਕੋਈ ਵੀ ਪ੍ਰਗਤੀ, ਰਾਸ਼ਟਰੀ ਆਰਥਿਕਤਾ, ਖੇਤੀਬਾੜੀ ਖੇਤਰ ਅਤੇ ਲੰਮੇ ਸਮੇਂ ਦੇ ਸਵੈ-ਨਿਰਭਰਤਾ ਟੀਚਿਆਂ ਦੀ ਹਮਾਇਤ ਕਰੇਗੀ।

---------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੋਹਾਲੀ ਵਿਖੇ 13 ਤੋਂ 15 ਮਾਰਚ, 2026 ਨੂੰ ਹੋ ਰਹੇ 'ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ' ਲਈ ਉੱਚ ਪੱਧਰੀ ਮੀਟਿੰਗ'ਚ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਇਸ ਨੂੰ ਫੈਸਲਾਕੁੰਨ ਕਦਮ ਦੱਸਿਆ ਏ . ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ, ਪੰਜਾਬ ਪਹਿਲਾਂ ਹੀ ਆਲਮੀ ਪੱਧਰ 'ਤੇ ਨਿਵੇਸ਼ ਲਈ ਸਭ ਤੋਂ ਪਸੰਦੀਦਾ ਸਥਾਨ ਵਜੋਂ ਉੱਭਰਿਆ ਏ। ਉਨ੍ਹਾਂ ਕਿਹਾ ਕਿ ਇਹ ਇਤਿਹਾਸਕ ਸੰਮੇਲਨ ਸਨਅਤੀ ਤਰੱਕੀ ਨੂੰ ਵੱਡਾ ਹੁਲਾਰਾ ਦੇਣ ਲਈ ਇੱਕ ਮੰਚ ਮੁਹੱਈਆ ਕਰੇਗਾ. ਸਮੂਹਿਕ ਵਿਚਾਰ-

ਵਟਾਂਦਰੇ ਦੀ ਲੋੜ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ, "ਅੰਤਰਰਾਸ਼ਟਰੀ ਸਨਅਤੀ ਆਗੂਆਂ ਨਾਲ ਲੰਮੀ ਵਿਚਾਰ-ਚਰਚਾ ਤੋਂ ਬਾਅਦ ਸੂਬੇ ਦੀ ਸਨਅਤ ਲਈ ਸੁਖਾਵੀਂ ਕਾਰਜ ਯੋਜਨਾ ਤਿਆਰ ਕਰਨ ਲਈ ਆਪਸੀ ਸਹਿਮਤੀ ਬਣਾਈ ਜਾਵੇਗੀ।" ਇਸ ਸੰਮੇਲਨ ਦੇ ਵਿਸ਼ੇ ‘ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ, “ਇਹ ਸੰਮੇਲਨ ‘ਪੰਜਾਬ ਮੀਨਜ਼ ਬਿਜ਼ਨਸ–ਪਾਲਿਸੀ-ਟੂ-ਪ੍ਰੈਕਟਿਸ’ ਯਾਨਿ ਕਿ (ਪੰਜਾਬ ਭਾਵ ਕਾਰੋਬਾਰ-ਨੀਤੀ ਤੋਂ ਅਮਲ) ਦੇ ਵਿਸ਼ੇ ‘ਤੇ ਆਧਾਰਤ ਹੋਵੇਗਾ।” ਇਸ ਸਮਾਗਮ ਨੂੰ ਨਿਵੇਸ਼ਕਾਂ ਲਈ ਵੱਡਾ ਮੌਕਾ ਕਰਾਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨਿਵੇਸ਼ਕ ਸੰਮੇਲਨ ਦੇਸ਼ ਭਰ ਵਿੱਚ ਵੱਧ ਤੋਂ ਵੱਧ ਰਿਆਇਤਾਂ ਦੀ ਪੇਸ਼ਕਸ਼ ਕਰਦੇ ਹੋਏ ਸੂਬੇ ਵਿੱਚ ਨਿਵੇਸ਼ ਦੇ ਮੌਕਿਆਂ ਲਈ ਮੰਚ ਪ੍ਰਦਾਨ ਕਰੇਗਾ।" ਉਨ੍ਹਾਂ ਕਿਹਾ ਕਿ, ਸੂਬਾ ਸਰਕਾਰ ਦੇ ਯਤਨਾ ਸਦਕਾ ਹੁਣ ਤੱਕ 1 ਲਖ 50 ਹਜ਼ਾਰ ਕਰੋੜ ਰੁਪਏ ਦੀਆਂ ਪੂੰਜੀਕਾਰੀ ਤਜਵੀਜ਼ਾਂ ਪ੍ਰਾਪਤ ਹੋਈਆਂ ਨੇ, ਜਿਸ ਨਾਲ ਨੌਜਵਾਨਾਂ ਲਈ 5 ਲਖ 20 ਹਜ਼ਾਰ ਨੌਕਰੀਆਂ ਦੇ ਮੌਕੇ ਪੈਦਾ ਹੋਣਗੇ।" ਉਨ੍ਹਾਂ ਇਹ ਵੀ ਕਿਹਾ ਕਿ ਸਨਅਤ ਦੇ ਵੱਖ-ਵੱਖ ਪਹਿਲੂਆਂ 'ਤੇ ਨੁਮਾਇਸ਼, ਸੈਮੀਨਾਰ ਅਤੇ ਤਕਨੀਕੀ ਸੈਸ਼ਨਾਂ ਤੋਂ ਇਲਾਵਾ ਸਨਅਤੀ ਖੇਤਰ ਵਿੱਚ ਉੱਭਰ ਰਹੀਆਂ ਤਕਨਾਲੋਜੀਆਂ ਅਤੇ ਰਣਨੀਤੀਆਂ 'ਤੇ ਵਿਸ਼ੇਸ਼ ਧਿਆਨ

ਕੇਂਦਰਿਤ ਕੀਤਾ ਜਾਵੇਗਾ।" ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਸੰਮੇਲਨ ਦਾ ਲੋਗੋ ਵੀ ਜਾਰੀ ਕੀਤਾ।

------------------------------------------------------------------------------

ਪੰਜਾਬ ਵਿੱਚ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਵੱਡੀ ਪਹਿਲਕਦਮੀ ਕਰਦਿਆਂ, ਅੱਜ ਫਾਜ਼ਿਲਕਾ ਵਿੱਚ ਕਰਨ ਗਿਲਹੋਤਰਾ ਫਾਊਂਡੇਸ਼ਨ ਅਤੇ ਇੰਡੀਅਨ ਰੈਡ ਕਰਾਸ ਸੋਸਾਇਟੀ ਪੰਜਾਬ ਦੇ ਸਹਿਯੋਗ ਨਾਲ 'ਨਸ਼ਿਆਂ ਵਿਰੁੱਧ ਪੈਦਲ ਯਾਤਰਾ' ਕੱਢੀ ਗਈ। ਇਸ ਯਾਤਰਾ ਦਾ ਉਦੇਸ਼, ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਖ਼ਤਰਨਾਕ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਅਤੇ ਸਮਾਜ ਨੂੰ ਨਸ਼ਾ-ਮੁਕਤ ਬਣਾਉਣ ਵੱਲ ਇਕਜੁਟ ਕਰਨਾ ਏ । ਇਸ ਮੌਕੇ ਕਰਨ ਫਾਊਂਡੇਸ਼ਨ ਦੇ ਸੰਸਥਾਪਕ ਕਰਨ ਗਿਲਹੋਤਰ ਵੱਲੋਂ ਰਾਜਪਾਲ ਸੁਆਗਤ ਕੀਤਾ। ਇਸ ਤੋਂ ਬਾਅਦ ਰਾਜਪਾਲ ਵੱਲੋਂ ਸੰਜੀਵ ਸਿਨੇਮਾ ਫਾਜ਼ਿਲਕਾ ਤੋਂ ਘੰਟਾ ਘਰ ਤੱਕ ਨਸ਼ਿਆਂ ਵਿਰੁੱਧ ਪੈਦਲ ਮਾਰਚ ਦੀ ਅਗਵਾਈ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਵਿਦਿਆਰਥੀ, ਸਮਾਜਿਕ ਸੰਸਥਾਵਾਂ ਦੇ ਪ੍ਰਤੀਨਿਧੀ, ਪ੍ਰਸ਼ਾਸਨਿਕ ਅਧਿਕਾਰੀ ਅਤੇ ਆਮ ਨਾਗਰਿਕ ਸ਼ਾਮਲ ਹੋਏ। ਯਾਤਰਾ ਦੌਰਾਨ ਨਸ਼ਾ ਛੱਡੋ, ਪੰਜਾਬ ਬਚਾਓ ਵਰਗੇ

ਨਾਅਰੇ ਲਾਏ ਗਏ ਅਤੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਦੇਸ਼ ਦਿੱਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਰਾਜਪਾਲ ਸ਼੍ਰੀ ਕਟਾਰੀਆ ਨੇ ਕਿਹਾ ਕਿ ਇਹ ਪੈਦਲ ਯਾਤਰਾ, ਜਨ-ਹਿੱਸੇਦਾਰੀ ਨਾਲ ਕਰਵਾਈ ਜਾ ਰਹੀ ਏ, ਜਿਸ ਦਾ ਮੁੱਖ ਮਕਸਦ ਸਮਾਜ ਦੇ ਹਰ ਵਰਗ ਨੂੰ ਨਸ਼ਿਆਂ ਵਿਰੁੱਧ ਇਕੱਠਾ ਕਰਨਾ ਏ-

byte

ਸ਼੍ਰੀ ਕਟਾਰੀਆ ਨੇ ਜ਼ੋਰ ਦੇ ਕੇ ਕਿਹਾ ਕਿ ਜਦੋਂ ਪ੍ਰਸ਼ਾਸਨ, ਸਮਾਜਿਕ ਸੰਸਥਾਵਾਂ, ਧਾਰਮਿਕ ਆਗੂ ਅਤੇ ਆਮ ਲੋਕ ਇਕੱਠੇ ਹੋ ਕੇ ਅੱਗੇ ਆਉਂਦੇ ਨੇ ਤਾਂ ਨਸ਼ਿਆਂ ਵਰਗੀ ਗੰਭੀਰ ਸਮੱਸਿਆ ਦਾ ਪੱਕਾ ਹੱਲ ਕੱਢਿਆ ਜਾ ਸਕਦਾ ਏ। ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ, ਸਿੱਖਿਆ ਅਤੇ ਰਚਨਾਤਮਕ ਗਤੀਵਿਧੀਆਂ ਵੱਲ ਧਿਆਨ ਦੇਣ ਅਤੇ ਨਸ਼ਾ-ਮੁਕਤ ਪੰਜਾਬ ਦੀ ਨਿਰਮਾਣ ਵਿੱਚ ਆਪਣਾ ਯੋਗਦਾਨ ਪਾਉਣ.

------------------------------------------------------------------------------------

ਪੰਜਾਬ ਪੁਲਿਸ ਵੱਲੋਂ ਸੂਬੇ ਭਰ ਵਿੱਚ ਚਲਾਏ ਜਾ ਰਹੇ 'ਆਪ੍ਰੇਸ਼ਨ ਪ੍ਰਹਾਰ-2' ਦੇ ਅੱਜ ਤੀਜੇ ਦਿਨ ਲੋੜੀਂਦੇ ਅਪਰਾਧੀਆਂ ਨੂੰ ਫੜਨ ਲਈ, ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕੀਤੀ ਗਈ ਏ। ਪੰਜਾਬ ਵਿਚੋਂ ਅਪਰਾਧੀਆਂ ਨੂੰ

ਖਤਮ ਕਰਨ ਲਈ ਚਲਾਈ ਜਾ ਰਹੀ ਇਸ ਮੁਹਿੰਮ ਤਹਿਤ, ਬੀਤੇ ਦੋ ਦਿਨਾਂ 'ਚ ਬਹੁਤ ਸਾਰੇ ਅਪਰਾਧੀ ਗ੍ਰਿਫਤਾਰ ਕੀਤੇ ਜਾ ਚੁਕੇ ਨੇ। ਅੱਜ ਫ਼ਤਹਿਗੜ੍ਹ ਸਾਹਿਬ ਵਿੱਚ, ਜ਼ਿਲ੍ਹਾ ਪੁਲਿਸ ਦੀਆਂ ਟੀਮਾਂ ਨੇ 20 ਗ੍ਰਾਮ ਹੈਰੋਇਨ ਤੇ ਮਾਰੂ ਹਥਿਆਰਾਂ ਸਮੇਤ 45 ਮੁਲਜ਼ਮਾਂ ਨੂੰ ਕਾਬੂ ਕੀਤਾ ਏ। ਪੁਲਿਸ ਨੇ 'ਆਪ੍ਰੇਸ਼ਨ ਦੇ ਪਹਿਲੇ ਦਿਨ 50 ਅਤੇ ਦੂਜੇ ਦਿਨ 60 ਮੁਲਜ਼ਮ ਗ੍ਰਿਫਤਾਰ ਕੀਤੇ ਸਨ। ਓਧਰ ਬਟਾਲਾ ਵਿੱਚ ਵੀ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਦੌਰਾਨ, ਹੁਣ ਤੱਕ ਕਰੀਬ 80 ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਏ। ਪਠਾਨਕੋਟ ਵਿੱਚ ਵੀ ਗੈਂਗਸਟਰਾਂ ਅਤੇ ਅਪਰਾਧੀਆਂ ਨੂੰ ਫੜਨ ਲਈ, ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਏ।

ਇਸੇ ਤਰਾਂ ਹੋਰਨਾਂ ਜ਼ਿਲ੍ਹਿਆਂ ਵਿੱਚ ਵੀ ਛਾਪੇਮਾਰੀ ਜਾਰੀ ਏ।

---------------------------------------------------------------------------------

ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਵਿੱਚ ਤਿੰਨ ਵਿਅਕਤੀਆਂ ਨੂੰ ਇੱਕ ਰਿਮੋਟ ਕੰਟਰੋਲਡ ਧਮਾਕਾਖੇਜ਼ ਯੰਤਰ (IED), 6 ਪਿਸਤੌਲਾਂ ਅਤੇ ਜ਼ਿੰਦਾ ਗੋਲੀ ਸਿੱਕੇ ਸਮੇਤ ਗ੍ਰਿਫ਼ਤਾਰ ਕੀਤਾ ਏ । ਇਸ ਬਾਰੇ ਜਾਣਕਾਰੀ ਦਿੰਦਿਆਂ ਪੁਲਿਸ ਹਲਕਿਆਂ ਨੇ ਦੱਸਿਆ ਕਿ ਇਹ ਧਮਾਕਾਖੇਜ਼ ਯੰਤਰ ਪੰਜਾਬ ਅਤੇ ਦਿੱਲੀ ਸਮੇਤ ਕਈ ਰਾਜਾਂ ਵਿੱਚ ਨਿਸ਼ਾਨਾ ਬਣਾ ਕੇ ਕੀਤੇ ਗਏ ਹਮਲਿਆਂ ਲਈ ਤਿਆਰ ਕੀਤਾ ਗਿਆ ਸੀ। ਖੁਫੀਆ ਜਾਣਕਾਰੀ ਦੇ

ਅਧਾਰ ‘ਤੇ ਇੱਕ ਕਾਰਵਾਈ ਵਿੱਚ, ਰਾਜ ਵਿਸ਼ੇਸ਼ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਨੇ ਪਾਕਿਸਤਾਨ ਦੀ ਹਮਾਇਤ ਪ੍ਰਾਪਤ ਇੱਕ ਦਹਿਸ਼ਤਗਰਦ ਮਾਡਿਊਲ ਦਾ ਪਰਦਾਫਾਸ਼ ਕੀਤਾ ਅਤੇ ਇੱਕ ਵੱਡੀ ਦਹਿਸ਼ਤਗਰਦ ਸਾਜ਼ਿਸ਼ ਨੂੰ ਨਾਕਾਮ ਬਣਾ ਦਿੱਤਾ ਮੁੱਢਲੀ ਜਾਂਚ ਤੋਂ ਪਤਾ ਚੱਲਦਾ ਏ ਕਿ ਦੋਸ਼ੀ ਐਨਕ੍ਰਿਪਟਡ ਪਲੇਟਫਾਰਮਾਂ ਰਾਹੀਂ ਪਾਕਿਸਤਾਨ-ਅਧਾਰਿਤ ਇੱਕ ਹੈਂਡਲਰ ਦੇ ਸੰਪਰਕ ਵਿੱਚ ਸੀ। ਇਹ ਪਿਛਲੇ ਦੋ ਦਿਨਾਂ ਵਿੱਚ ਦੂਜੀ ਅਜਿਹੀ ਬਰਾਮਦਗੀ ਏ । ਕੱਲ੍ਹ ਵਿਸ਼ੇਸ਼ ਸੈੱਲ ਵੱਲੋਂ ਇੱਕ ਦੋਸ਼ੀ ਤੋਂ RDX ਅਧਾਰਿਤ ਇੱਕ ਫੋਟਕ ਯੰਤਰ ਵੀ ਬਰਾਮਦ ਕੀਤਾ ਗਿਆ ਸੀ। ਇੱਕ ਹੋਰ ਕਾਰਵਾਈ ਵਿੱਚ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਪੰਜ ਆਧੁਨਿਕ ਪਿਸਤੌਲ ਬਰਾਮਦ ਕੀਤੇ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪਾਕਿਸਤਾਨ-ਅਧਾਰਤ ਤਸਕਰਾਂ ਨਾਲ ਸਿੱਧੇ ਸੰਪਰਕ ਵਿੱਚ ਸਨ, ਜੋ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਸਰਹੱਦ ਪਾਰ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਵਿੱਚ ਸਹਾਇਤਾ ਕਰਦੇ ਸਨ। ਅਗਲੇਰੀ ਜਾਂਚ ਜਾਰੀ ਏ । ----
--------------------------------------------------------------------

ਪੰਜਾਬ ਸਰਕਾਰ ਵੱਲੋਂ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਅਤੇ ਉਨ੍ਹਾਂ ਦੇ ਹੁਨਰ ਨੂੰ ਨਿਖਾਰਨ ਦੇ ਉਦੇਸ਼ ਨਾਲ ਗੁਰਦਾਸਪੁਰ ਦੇ ਪੁਰਾਣੇ ਬੱਸ ਅੱਡੇ ਵਿਖੇ 'ਪੰਜਾਬ ਸਖੀ ਸ਼ਕਤੀ ਮੇਲਾ-2026' ਸਫ਼ਲਤਾ

ਨਾਲ ਕਰਾਇਆ ਗਿਆ। ਇਸ ਮੇਲੇ ਦਾ ਮੁੱਖ ਮਨੋਰਥ ਪੰਜਾਬ ਦੀਆਂ ਔਰਤਾਂ ਨੂੰ ਆਤਮ-ਨਿਰਭਰ ਬਣਾਉਣਾ ਅਤੇ ਉਨ੍ਹਾਂ ਵਲੋਂ ਤਿਆਰ ਕੀਤੇ ਉਤਪਾਦਾਂ ਨੂੰ ਇੱਕ ਵੱਡਾ ਪਲੇਟਫਾਰਮ ਮੁਹੱਈਆ ਕਰਵਾਉਣਾ ਏ । ਹਲਕਾ ਇੰਚਾਰਜ ਸ਼੍ਰੀ ਰਮਨ ਬਹਿਲ ਨੇ ਮੇਲੇ ਦੇ ਸਫ਼ਲ ਪ੍ਰਬੰਧਾਂ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਅਰੇ ਵਿਭਾਗਾਂ ਦੇ ਸਾਂਝੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਵਧਾਈ ਦਿੱਤੀ।

---------------------------------------------------------------------------------

ਕੇਂਦਰ ਸਰਕਾਰ ਦੇ ਰਾਸ਼ਟਰੀ ਪ੍ਰੋਗਰਾਮ, 2047 ਤਕ ਵਿਕਸਿਤ ਭਾਰਤ ਮੁਤਾਬਿਕ, ਗੁਰੂ ਨਾਨਕ ਦੇਵ ਯੂਨੀਵਰਸਿਟੀ (GNDU), ਅੰਮ੍ਰਿਤਸਰ ਨੇ ਅੱਜ "ਪੰਜਾਬ 2047: ਉੱਦਮਤਾ ਅਤੇ ਨਵੀਨਤਾ ਰਾਹੀਂ ਭਵਿੱਖ ਦੀ ਉਸਾਰੀ" ਵਿਸ਼ੇ 'ਤੇ ਦੋ-ਰੋਜ਼ਾ ਰਾਸ਼ਟਰੀ ਸੈਮੀਨਾਰ ਸ਼ੁਰੂ ਕੀਤਾ। ਇਹ ਸੈਮੀਨਾਰ, ਉੱਦਮਤਾ, ਨਵੀਨਤਾ ਅਤੇ ਗਿਆਨ-ਅਧਾਰਤ ਵਿਕਾਸ 2047 ਤੱਕ ਪੰਜਾਬ ਲਈ ਇੱਕ ਨਿਰੰਤਰ ਰਹਿਣ ਯੋਗ, ਸਮਾਵੇਸ਼ੀ ਅਤੇ ਪ੍ਰਗਤੀਸ਼ੀਲ ਭਵਿੱਖ ਨੂੰ ਨੁਹਾਰ ਦੇਣ ਦੇ ਢੰਗ ਤਰੀਕਿਆਂ ‘ਤੇ ਕੇਂਦਰਿਤ ਏ.

---------------------------------------------------------------------------------

ਪੰਜਾਬ ਦੇ ਜੇਲ੍ਹਾਂ ਅਤੇ ਟਰਾਂਸਪੋਰਟ ਬਾਰੇ ਮੰਤਰੀ ਲਾਲਜੀਤ ਸਿੰਘ

ਭੁੱਲਰ ਨੇ ਅੱਜ ਸੂਬੇ ਦੀਆਂ ਜੇਲ੍ਹਾਂ ਵਿੱਚ ਬੰਦ ਕੈਦੀਆਂ ਤੇ ਹਵਾਲਾਤੀਆਂ ਨੂੰ ਪਿਛਲੀਆਂ ਗ਼ਲਤੀਆਂ ਸੁਧਾਰ ਕੇ ਨਵੀਂ ਜਿੰਦਗੀ ਦੀ ਸ਼ੁਰੂਆਤ ਕਰਨ ਦਾ ਸੱਦਾ ਦਿੱਤਾ ਏ। ਜੇਲ੍ਹ ਮੰਤਰੀ ਅੱਜ ਕੇਂਦਰੀ ਜੇਲ੍ਹ ਪਟਿਆਲਾ ਵਿਖੇ ਉਜਾਲਾ ਪੰਜਾਬ ਪ੍ਰੀਜ਼ਨ ਓਲੰਪਿਕਸ-2026 ਦੇ ਅੰਤਿਮ ਮੁਕਾਬਲਿਆਂ ਦੇ ਜੇਤੂਆਂ ਨੂੰ ਇਨਾਮ ਵੰਡਣ ਪੁੱਜੇ ਹੋਏ ਸਨ। ਅੱਜ ਖਤਮ  ਹੋਏ ਇਨ੍ਹਾਂ ਮੁਕਾਬਲਿਆਂ ਦੌਰਾਨ ਸੂਬੇ ਦੀਆਂ ਜੇਲ੍ਹਾਂ ਦੇ ਬੰਦੀਆਂ ਦੇ ਰੱਸਾ ਕਸ਼ੀ, ਕਬੱਡੀ, ਵਾਲੀਬਾਲ, ਬੈਡਮਿੰਟਨ ਆਦਿ ਦੇ ਮੁਕਾਬਲੇ ਹੋਏ. ਇਸ ਮੌਕੇ ਸ਼੍ਰੀ ਭੁੱਲਰ ਨੇ ਕਿਹਾ -

Byte

---------------------------------------------------------------------------------

ਆਕਾਸ਼ਵਾਣੀ ਪਟਿਆਲਾ ਵਲੋਂ ਰੇਡੀਓ ਕਿਸਾਨ ਦਿਵਸ ਮਨਾਉਣ ਲਈ ਭਲਕੇ ਆਕਾਸ਼ਵਾਣੀ ਪਰਿਸਰ ਵਿਖੇ ਸਥਿਤ ਦੂਰਦਰਸ਼ਨ ਸਟੂਡਿਓ ਵਿਚ ਇੱਕ ਸਭਿਆਚਾਰਰਕ ਸਮਾਗਮ ਕਰਾਇਆ ਜਾ ਰਿਹਾ ਏ.ਇਹ ਸਮਾਗਮ ਭਾਰਤ ਸਰਕਾਰ ਦੇ ਖੇਤੀਬਾੜੀ ਅਰੇ ਕਿਸਾਨ ਭਲਾਈ ਮੰਤਰਾਲੇ ਦੀ ਹਮਾਇਤ ਨਾਲ ਹੋਣਾ ਏ. ਪੰਜਾਬ ਦੇ ਦਿਹਾਤੀ ਜੀਵਨ ਨੂੰ ਦਰਸਾਉਂਦਾ ਪੰਜਾਬੀ ਵਿਚ ਇੱਕ ਨਾਟਕ 'ਪਰਤ ਆਉਣ ਤਕ'ਜੋ ਕਿ

ਪ੍ਰਸਿਧ ਨਾਟਕਕਾਰ ਡਾ ਸਤੀਸ਼ ਕੁਮਾਰ ਵਰਮਾ ਵਲੋਂ ਲਿਖਿਆ ਗਿਆ ਏ, ਖੇਡਿਆ ਜਾਏਗਾ.

---------------------------------------------------------------------------------

ਮਰਦਾਂ ਦੀ FIH ਹਾਕੀ ਪ੍ਰੋ ਲੀਗ ਵਿੱਚ ਅੱਜ ਭਾਰਤ ਅਤੇ ਬੈਲਜੀਅਮ ਦਾ ਮੁਕਾਬਲਾ ਹੋਏਗਾ. ਇਹ ਮੈਚ ਰਾਉਰਕੇਲਾ ਦੇ ਬਿਰਸਾ ਮੁੰਡਾ ਅੰਤਰਰਾਸ਼ਟਰੀ ਹਾਕੀ ਸਟੇਡੀਅਮ ਵਿੱਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ। ਕਪਤਾਨ ਹਰਮਨਪ੍ਰੀਤ ਸਿੰਘ ਦੀ ਅਗਵਾਈ ਵਿੱਚ ਭਾਰਤ ਕੱਲ੍ਹ ਅਰਜਨਟੀਨਾ ਦਾ ਸਾਹਮਣਾ ਕਰੇਗਾ।

---------------------------------------------------------------------------------

- ਕੇਂਦਰੀ ਖਾਣ ਮੰਤਰਾਲੇ ਵਲੋਂ ਪੰਜਾਬ ਦੇ ਫਾਜ਼ਿਲਕਾ ਜ਼ਿਲ੍ਹੇ ਵਿੱਚ, ਪੋਟਾਸ਼ ਲਈ ਇੱਕ ਨਵਾਂ ਭਾਲ ਪ੍ਰੋਜੈਕਟ ਮੰਜ਼ੂਰ.

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੋਹਾਲੀ ਵਿਖੇ ਹੋਣ ਵਾਲੇ 'ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ' ਲਈ ਪ੍ਰਬੰਧਾਂ ਦਾ ਜਾਇਜ਼ਾ ਲਿਆ.

- ਪੰਜਾਬ ਦੇ ਰਾਜਪਾਲ, ਗੁਲਾਬ ਚੰਦ ਕਟਾਰੀਆ ਦੀ ਅਗਵਾਈ ਵਿਚ'ਨਸ਼ਿਆਂ ਵਿਰੁੱਧ ਪੈਦਲ ਯਾਤਰਾ' ਅੱਜ, ਫਾਜ਼ਿਲਕਾ ਵਿੱਚ ਕੱਢੀ ਗਈ.

- ਕੇਂਦਰੀ ਜੇਲ੍ਹ ਪਟਿਆਲਾ ਵਿਖੇ ਉਜਾਲਾ ਪੰਜਾਬ ਪ੍ਰੀਜ਼ਨ ਓਲੰਪਿਕਸ-2026 ਸਮਾਪਤ. ਪਟਿਆਲਾ ਜ਼ੋਨ ਦੀਆਂ ਜੇਲ੍ਹਾਂ ਦੇ ਬੰਦੀ ਖਿਡਾਰੀ ਸਭ ਤੋਂ ਵਧ ਤਮਗੇ ਜਿੱਤ ਕੇ ਸਮੁਚੇ ਤੌਰ 'ਤੇ ਜੇਤੂ ਰਹੇ.

- ਮਰਦਾਂ ਦੀ FIH ਹਾਕੀ ਪ੍ਰੋ ਲੀਗ ਵਿੱਚ ਅੱਜ ਭਾਰਤ ਦਾ ਮੁਕਾਬਲਾ ਬੈਲਜੀਅਮ ਨਾਲ.

---

**ਇਸਦੇ ਨਾਲ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**